# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :18-02-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿਖੇ ਸਪੇਨ ਦੇ ਰਾਸ਼ਟਰਪਤੀ ਪੇਡਰੋ ਸਾਂਚੇਜ਼ ਨਾਲ ਮੁਲਾਕਾਤ ਕੀਤੀ। ਦੋਵਾਂ ਨੇਤਾਵਾਂ ਨੇ ਭਾਰਤ-ਸਪੇਨ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕਈ ਮੁੱਦਿਆਂ 'ਤੇ ਚਰਚਾ ਕੀਤੀ। ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਦੋਵਾਂ ਆਗੂਆਂ ਨੇ ਵਪਾਰ ਅਤੇ ਅਰਥ-ਵਿਵਸਥਾ 'ਤੇ ਚਰਚਾ ਕੀਤੀ, ਜਿਸ ਵਿੱਚ ਡਿਜੀਟਲ ਖੇਤਰ, ਨਵੀਨਤਾ, ਸਿਹਤ, ਜਲਵਾਯੂ ਤਬਦੀਲੀ ਅਤੇ ਸਿੱਖਿਆ ਸ਼ਾਮਲ ਨੇ । ਪ੍ਰਧਾਨ ਮੰਤਰੀ ਮੋਦੀ ਨੇ ਮਜ਼ਬੂਤ ਭਾਰਤ-ਯੋਰੋਪਿਅਨ ਯੂਨੀਅਨ ਸਬੰਧਾਂ ਲਈ ਸਪੇਨ ਦੇ ਨਿਰੰਤਰ ਸਮਰਥਨ ਦੀ ਸ਼ਲਾਘਾ ਕੀਤੀ।

---

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਮਾਛੀਵਾੜਾ ਸਾਹਿਬ ਦੇ ਸਰਕਾਰੀ ਸਕੂਲਾਂ ਦਾ ਅਚਨਚੇਤ ਦੌਰਾ ਕੀਤਾ ਅਤੇ ਅਕਾਦਮਿਕ ਮਿਆਰਾਂ ਅਤੇ ਸਮੁੱਚੇ ਕੰਮਕਾਜ ਦਾ ਜਾਇਜ਼ਾ ਲਿਆ।

ਸਿੱਖਿਆ ਮੰਤਰੀ ਨੇ ਕਿਹਾ ਕਿ ਬੱਚਿਆਂ ਦੀ ਸਿੱਖਿਆ ਤੋਂ ਵੱਧ ਸਾਡੇ ਲਈ ਕੁਝ ਵੀ ਮਹੱਤਵਪੂਰਨ ਨਹੀਂ ਏ । ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਅਧਿਆਪਕ ਡਿਊਟੀ ਵਿੱਚ ਲਾਪਰਵਾਹੀ ਜਾਂ ਅਣਗਹਿਲੀ ਕਰਦਾ ਪਾਇਆ ਗਿਆ ਤਾਂ ਉਸ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਦਸਿਆ ਕਿ ਅੱਜ ਮਾਛੀਵਾੜਾ ਸਾਹਿਬ ਦੇ ਪ੍ਰਾਇਮਰੀ ਸਕੂਲ ਦੇ ਸਾਰੇ ਅਧਿਆਪਕਾਂ ਨੂੰ 'ਕਾਰਨ ਦੱਸੋ' ਨੋਟਿਸ ਜਾਰੀ ਕੀਤਾ ਗਿਆ ਏ । ਸ਼੍ਰੀ ਬੈਂਸ ਨੇ ਕਿਹਾ ਕਿ ਵਿਦਿਆਰਥੀਆਂ ਦੀ ਸਿੱਖਿਆ ਦੇ ਮਾਮਲੇ ਵਿੱਚ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

----------------------------------------------------------------------

ਪਠਾਨਕੋਟ ਜ਼ਿਲ੍ਹਾ ਪ੍ਰਸ਼ਾਸਨ ਨੇ ਅੱਜ ਟਰੱਕ ਯੂਨੀਅਨ ਨਜ਼ਦੀਕ ਆਡੀਟੋਰੀਅਮ ਵਿਖੇ ਚਾਰ ਦਿਨਾਂ ਸਖੀ ਸ਼ਕਤੀ ਮੇਲਾ 2026 ਦੀ ਸ਼ੁਰੂਆਤ ਕੀਤੀ । ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸੌਰਭ ਬਹਿਲ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ । ਕੈਬਨਿਟ ਮੰਤਰੀ ਨੇ ਮੇਲੇ ਦੌਰਾਨ ਸਵੈ ਸਹਾਇਤਾ ਸਮੂਹਾਂ  ਵੱਲੋਂ ਲਗਾਏ ਗਏ ਵੱਖ ਵੱਖ ਸਟਾਲਾਂ ਦਾ ਨਿਰੀਖਣ ਕੀਤਾ । ਸ਼੍ਰੀ ਕਟਾਰੂਚੱਕ ਨੇ ਕਿਹਾ ਪੇਡੂ ਖੇਤਰ ਦੇ ਅੰਦਰ ਇਨਾ ਸਮੂਹਾਂ ਵੱਲੋਂ ਤਿਆਰ ਕੀਤੇ ਉਤਪਾਦ  ਦੁਨੀਆਂ ਦੇ ਸਾਹਮਣੇ ਲੈ ਕੇ ਆਉਣਾ ਇੱਕ ਬਹੁਤ ਹੀ ਸ਼ਲਾਘਾਯੋਗ ਕੰਮ ਏ । ਇਸ ਕੰਮ ਦੇ ਨਾਲ ਉਹਨਾਂ ਨੂੰ ਇੱਕ

ਪਹਿਚਾਣ ਮਿਲੇਗੀ ਅਤੇ ਉਹ ਆਰਥਿਕ ਪੱਖ ਤੋਂ ਵੀ ਮਜਬੂਤ ਹੋਣਗੀਆਂ । ਉਨ੍ਹਾਂ ਕਿਹਾ ।

BYTE

----------------------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੱਲ ਚੰਡੀਗੜ੍ਹ 'ਚ ਸੂਬੇ ਦੇ ਸਿਵਲ ਸਰਜਨਾਂ ਅਤੇ ਡਿਪਟੀ ਮੈਡੀਕਲ ਕਮਿਸ਼ਨਰਾਂ ਨਾਲ ਸੂਬਾ ਪੱਧਰੀ ਕਾਨਫਰੰਸ ਦੀ ਪ੍ਰਧਾਨਗੀ ਕੀਤੀ । ਇਸ ਦੌਰਾਨ ਉਨ੍ਹਾਂ ਸੂਬਾ ਸਰਕਾਰ ਦੇ ਪ੍ਰਮੁੱਖ ਸਿਹਤ ਪ੍ਰੋਗਰਾਮਾਂ ਦੇ ਜ਼ਮੀਨੀ ਪੱਧਰ 'ਤੇ ਲਾਗੂਕਰਨ ਦੀ ਸਮੀਖਿਆ ਕੀਤੀ ਅਤੇ ਪ੍ਰਾਇਮਰੀ ਤੇ ਸੈਕੰਡਰੀ ਸਿਹਤ ਸੰਭਾਲ ਸੇਵਾਵਾਂ ਵਿੱਚ ਸੁਧਾਰਾਂ ਦੇ ਅਗਲੇ ਗੇੜ ਦੀ ਰੂਪ-ਰੇਖਾ ਉਲੀਕੀ। ਕਾਨਫਰੰਸ ਦੌਰਾਨ, ਡਿਜੀਟਲ ਸੁਧਾਰਾਂ ਮਰੀਜ਼ਾਂ ਦੀ ਦੇਖਭਾਲ ਕਰਨ, ਬੁਨਿਆਦੀ ਢਾਂਚੇ ਦੀ ਅਪਗ੍ਰੇਡੇਸ਼ਨ ਅਤੇ ਜ਼ਿਲ੍ਹਿਆਂ ਵਿੱਚ ਸਖ਼ਤ ਨਿਗਰਾਨ ਵਿਧੀਆਂ 'ਤੇ ਜ਼ੋਰ ਦਿੱਤਾ ਗਿਆ। ਸਿਹਤ ਮੰਤਰੀ ਨੇ ਦੱਸਿਆ ਕਿ ਸੂਬੇ ਭਰ ਵਿੱਚ 881 ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ ਜਿੱਥੇ ਵੱਡੀ ਗਿਣਤੀ ਵਿੱਚ ਮਰੀਜ਼ ਇੱਥੇ ਇਲਾਜ ਕਰਵਾਉਣ ਲਈ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਦੌਰਾਨ ਹੀ ਇਹਨਾਂ ਕਲੀਨਿਕਾਂ ਵਿੱਚ ਗਰਭਵਤੀ ਔਰਤਾਂ ਦੀ ਆਮਦ ਵਿੱਚ ਲਗਭਗ 30 ਫ਼ੀਸਦ ਦਾ ਵਾਧਾ ਦਰਜ ਕੀਤਾ ਗਿਆ ਏ । ਡਾ.

ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਛੇਤੀ ਹੀ 243 ਨਵੇਂ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਜਾਣਗੇ ਜਦਕਿ 308 ਉਪ ਸਿਹਤ ਕੇਂਦਰਾਂ ਨੂੰ ਆਮ ਆਦਮੀ ਕਲੀਨਿਕਾਂ ਵਜੋਂ ਅਪਗ੍ਰੇਡ ਕੀਤਾ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਨਵੀਆਂ ਸੇਵਾਵਾਂ ਵਿੱਚ ਨਵਜਾਤ ਅਤੇ ਬਾਲ ਦੇਖਭਾਲ, ਰੁਟੀਨ ਟੀਕਾਕਰਨ ਅਤੇ ਮੂੰਹ ਤੇ ਪ੍ਰੋਸਟੇਟ ਕੈਂਸਰ ਲਈ ਸਕ੍ਰੀਨਿੰਗ ਸ਼ਾਮਲ ਹੋਵੇਗੀ।

---------------------------------------------------------------------

ਪੰਜਾਬ ਸਰਕਾਰ ਨੇ ਸੂਬੇ ਦੇ ਵਪਾਰੀ ਭਾਈਚਾਰੇ ਨੂੰ ਮਜ਼ਬੂਤ ਕਰਨ ਅਤੇ ਛੋਟੇ ਵਪਾਰੀਆਂ, ਦੁਕਾਨਦਾਰਾਂ ਤੇ ਉੱਦਮੀਆਂ ਲਈ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ 'ਪੰਜਾਬ ਟ੍ਰੇਡ ਕਮਿਸ਼ਨ' ਦੇ ਗਠਨ ਦਾ ਐਲਾਨ ਕੀਤਾ ਏ ।

ਕੱਲ ਪਟਿਆਲਾ ਵਿਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਪਹਿਲਕਦਮੀ ਸੂਬੇ ਦੀ ਆਰਥਿਕਤਾ ਨੂੰ ਚਲਾਉਣ ਵਾਲੇ ਲੋਕਾਂ ਲਈ ਸ਼ਾਸਨ ਨੂੰ ਵਧੇਰੇ ਪਹੁੰਚਯੋਗ ਅਤੇ ਜਵਾਬਦੇਹ ਬਣਾਉਣ ਦੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ ।

ਸ੍ਰੀ ਚੀਮਾ ਨੇ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਵਪਾਰੀਆਂ ਨੂੰ ਪ੍ਰਵਾਨਗੀਆਂ, ਵਿਭਾਗੀ ਕਲੀਅਰੈਂਸ

ਅਤੇ ਰੋਜ਼ਾਨਾ ਕਾਰੋਬਾਰੀ ਕੰਮਾਂ ਲਈ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ।

ਮੰਤਰੀ ਨੇ ਕਿਹਾ ਕਿ ਪੰਜਾਬ ਟ੍ਰੇਡ ਕਮਿਸ਼ਨ ਵਪਾਰੀ ਭਾਈਚਾਰੇ ਦੇ ਸਮੇਂ, ਮਿਹਨਤ ਅਤੇ ਪੈਸੇ ਦੀ ਬਚਤ ਕਰਨ ਲਈ ਇੱਕ ਸਮਰਪਿਤ ਮੰਚ ਵਜੋਂ ਕੰਮ ਕਰੇਗਾ। ਇਹ ਉਨ੍ਹਾਂ ਦੇ ਮੁੱਦਿਆਂ ਦੇ ਤੇਜ਼ ਅਤੇ ਸੁਚਾਰੂ ਹੱਲ ਲਈ ਇੱਕ ਸੰਗਠਿਤ ਪ੍ਰਣਾਲੀ, ਸਪੱਸ਼ਟ ਜਵਾਬਦੇਹੀ ਅਤੇ ਸਮਾਂਬੱਧ ਹੱਲ ਪ੍ਰਦਾਨ ਕਰੇਗਾ ਤਾਂ ਜੋ ਸਮੱਸਿਆਵਾਂ ਨੂੰ ਅਣਮਿੱਥੇ ਸਮੇਂ ਲਈ ਲਟਕਦਾ ਨਾ ਛੱਡਿਆ ਜਾਵੇ।

ਇਸ ਪਹਿਲਕਦਮੀ ਦੀ ਤਿਆਰੀ ਵਜੋਂ ਫ਼ਰੀਦਕੋਟ, ਫ਼ਤਹਿਗੜ੍ਹ ਸਾਹਿਬ, ਲੁਧਿਆਣਾ, ਮੋਗਾ, ਮਲੇਰਕੋਟਲਾ, ਪਟਿਆਲਾ, ਰੂਪਨਗਰ, ਸੰਗਰੂਰ, ਬਰਨਾਲਾ ਅਤੇ ਬਠਿੰਡਾ ਵਿੱਚ ਸਮੀਖਿਆ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ ਵਿੱਚ ਸਰਕਾਰੀ ਨੁਮਾਇੰਦਿਆਂ, ਸਥਾਨਕ ਪ੍ਰਸ਼ਾਸਨ ਅਤੇ ਸਬੰਧਤ ਟੀਮਾਂ ਨੇ ਕਮਿਸ਼ਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਸਥਾਨਕ ਦੁਕਾਨਦਾਰਾਂ, ਛੋਟੇ ਕਾਰੋਬਾਰੀਆਂ ਅਤੇ ਵਪਾਰੀਆਂ ਨਾਲ ਕਾਰਜਸ਼ੀਲ ਰੂਪ-ਰੇਖਾ ਅਤੇ ਜ਼ਿਲ੍ਹਾ ਪੱਧਰੀ ਤਾਲਮੇਲ ਬਾਰੇ ਚਰਚਾ ਕੀਤੀ।

--------------------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ "ਪਾਏਦਾਰ ਝੋਨੇ ਦੀ ਪਰਾਲੀ ਪ੍ਰਬੰਧਨ: ਇੱਕ ਬਹੁ-ਹਿੱਸੇਦਾਰ ਸੰਵਾਦ" ਵਿਸ਼ੇ 'ਤੇ ਇੱਕ ਵਰਕਸ਼ਾਪ ਦੀ ਮੇਜ਼ਬਾਨੀ ਕੀਤੀ। ਇਹ ਪਹਿਲਕਦਮੀ ਵਾਤਾਵਰਣ ਅਤੇ ਖੇਤੀਬਾੜੀ ਚੁਣੌਤੀਆਂ ਨੂੰ ਹੱਲ ਕਰਨ ਵੱਲ ਇੱਕ ਵੱਡਾ ਕਦਮ ਸਾਬਿਤ ਹੋਈ ਜੋ ਸਿੱਧੇ ਤੌਰ 'ਤੇ ਲੋਕਾਂ ਦੀ ਸਿਹਤ, ਕਿਸਾਨਾਂ ਦੀ ਰੋਜ਼ੀ-ਰੋਟੀ ਅਤੇ ਖੇਤਰੀ ਸਥਿਰਤਾ ਨੂੰ ਪ੍ਰਭਾਵਤ ਕਰਦੀਆਂ ਨੇ।

ਲੀਡਿੰਗ ਨੌਲੇਜ ਇੰਸਟੀਚਿਊਸ਼ਨ ਪ੍ਰੋਜੈਕਟ ਦੀ ਪ੍ਰਿੰਸੀਪਲ ਇਨਵੈਸਟੀਗੇਟਰ ਡਾ. ਅਨੁਪਮਾ ਸ਼ਰਮਾ ਵਲੋਂ ਕਾਰਵਾਈ ਗਈ ਇਸ ਵਰਕਸ਼ਾਪ ਵਿਚ ਸਰਕਾਰ, ਵਿਦਿਅਕ ਸੰਸਥਾਵਾਂ, ਸਨਅੱਤ ਅਤੇ ਕਿਸਾਨਾਂ ਵਿਚਕਾਰ ਸਹਿਯੋਗ ਦੀ ਜ਼ਰੂਰਤ ਨੂੰ ਉਜਾਗਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਇੱਕ ਅਜਿਹਾ ਮੰਚ ਏ ਜਿੱਥੇ ਮਾਹਰ ਭਾਗੀਦਾਰਾਂ ਨੂੰ ਝੋਨੇ ਦੀ ਪਰਾਲੀ ਪ੍ਰਬੰਧਨ ਦੇ ਵਾਤਾਵਰਣ ਅਤੇ ਖੇਤੀਬਾੜੀ ਪਹਿਲੂਆਂ ਨੂੰ ਸਮਝਣ ਵਿੱਚ ਮਦਦ ਕਰਨਗੇ।

ਪੰਜਾਬ ਯੂਨੀਵਰਸਿਟੀ ਨੂੰ ਪਰਾਲੀ ਸਾੜਨ 'ਤੇ ਹਰਿਆਣਾ ਦੇ ਨੀਤੀਗਤ ਢਾਂਚੇ ਨੂੰ ਵਿਕਸਤ ਕਰਨ ਲਈ ਗਿਆਨ ਦੀ ਮੋਹਰੀ ਸੰਸਥਾ ਵਜੋਂ ਮਾਨਤਾ ਦਿੱਤੀ ਗਈ ਏ। ਪਰਾਲੀ ਨੂੰ ਅੱਗ ਲਾਉਣਾ, ਇੱਕ ਗੰਭੀਰ ਮਸਲਾ ਏ ਜੋ ਵਾਤਾਵਰਣ, ਖੇਤੀਬਾੜੀ ਅਤੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਜਨਤਕ ਸਿਹਤ ਨੂੰ ਪ੍ਰਭਾਵਤ ਕਰਦਾ ਏ। ਇਸ ਵਰਕਸ਼ਾਪ ਨੇ

ਹਿੱਸੇਦਾਰਾਂ ਨੂੰ ਸੁਣਨ, ਸਿੱਖਣ ਅਤੇ ਮਿਲਕੇ ਇਕ ਕਾਰਜਯੋਜਨਾ ਬਣਾਉਣ ਵਾਸਤੇ ਅਜਿਹਾ ਮੰਚ ਪ੍ਰਦਾਨ ਕੀਤਾ ਜੋ ਕਿਸਾਨਾਂ ਦੀ ਰੋਜ਼ੀ-ਰੋਟੀ ਦਾ ਸਮਰਥਨ ਕਰਦੇ ਹੋਏ ਵਾਤਾਵਰਣ ਦੀ ਰੱਖਿਆ ਕਰਦੇ ਨੇ।

-----------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਪੂਰਬੀ ਰਾਜਸਥਾਨ ਵਿੱਚ ਗੜੇਮਾਰੀ ਦੀ ਪੇਸ਼ੀਨਗੋਈ ਕੀਤੀ ਏ।

ਮਾਨਸਾ, ਮੋਹਾਲੀ ਅਤੇ ਫਤਹਿਗੜ੍ਹ ਸਾਹਿਬ ਸਮੇਤ ਵੱਖ ਵੱਖ ਥਾਵਾਂ 'ਤੇ ਬੀਤੀ ਦੇਰ ਰਾਤ ਤੋਂ ਬਾਅਦ ਅਚਾਨਕ ਮੌਸਮ ਵਿੱਚ ਤਬਦੀਲੀ ਹੋਣ ਕਾਰਨ ਅੱਜ ਸਵੇਰੇ ਹੋਈ ਹਲਕੀਆਂ ਕਣੀਆਂ ਦੇ ਨਾਲ ਨਾਲ ਤੇਜ਼ ਹਵਾਵਾਂ ਵਗੀਆਂ।

ਮੌਸਮ ਵਿਗਿਆਨੀਆਂ ਨੇ ਇਹਨਾਂ ਕਣੀਆਂ ਨੂੰ ਫਸਲਾਂ ਲਈ ਚੰਗਾ ਅਤੇ ਤੇਜ਼ ਹਵਾਵਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਲਈ ਕੁਝ ਹੱਦ ਤੱਕ ਮਾੜਾ ਕਰਾਰ ਦਿੱਤਾ ਏ।

-----------------------------------------------------------------------

ਮਰਦਾਂ ਦੇ ICC twenty – twenty ਵਿਸ਼ਵ ਕੱਪ ਵਿੱਚ ਅੱਜ ਮੌਜੂਦਾ ਚੈਂਪੀਅਨ ਭਾਰਤ ਦਾ ਮੁਕਾਬਲਾ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਗਰੁੱਪ A ਦੇ ਮੈਚ ਵਿੱਚ ਨੀਦਰਲੈਂਡਜ਼ ਨਾਲ ਹੋਵੇਗਾ . ਇਹ ਮੈਚ ਸਥਾਨਕ ਸਮੇਂ ਮੁਤਾਬਿਕ ਸ਼ਾਮ 7 ਵਜੇ ਸ਼ੁਰੂ ਹੋਵੇਗਾ।

ਗਰੁੱਪ A ਵਿੱਚ, ਪਾਕਿਸਤਾਨ ਦਾ ਸਾਹਮਣਾ ਨਾਮੀਬੀਆ ਨਾਲ ਕੋਲੰਬੋ ਦੇ ਸਿੰਹਲੀ ਸਪੋਰਟਸ ਕਲੱਬ ਵਿੱਚ ਦੁਪਹਿਰ ਬਾਅਦ 3 ਵਜੇ ਹੋਵੇਗਾ ਈ

ਗਰੁੱਪ D ਦੇ ਮੁਕਾਬਲੇ ਵਿੱਚ, ਦੱਖਣੀ ਅਫਰੀਕਾ ਦਾ ਸਾਹਮਣਾ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਸੰਯੁਕਤ ਅਰਬ ਅਮੀਰਾਤ ਨਾਲ ਹੋ ਰਿਹਾ ਏ।

---------------------------------------------------------------------